ਬਸੰਤੁ ਮਹਲਾ ੫ ॥ ਰਾਮ ਰੰਗਿ ਸਭ ਗਏ ਪਾਪ ॥ ਰਾਮ ਜਪਤ ਕਛੁ ਨਹੀ ਸੰਤਾਪ ॥ ਗੋਬਿੰਦ ਜਪਤ ਸਭਿ ਮਿਟੇ ਅੰਧੇਰ ॥ ਹਰਿ ਸਿਮਰਤ ਕਛੁ ਨਾਹਿ ਫੇਰ ॥੧॥ ਬਸੰਤੁ ਹਮਾਰੈ ਰਾਮ ਰੰਗੁ ॥ ਸੰਤ ਜਨਾ ਸਿਉ ਸਦਾ ਸੰਗੁ ॥੧॥ ਰਹਾਉ ॥ ਸੰਤ ਜਨੀ ਕੀਆ ਉਪਦੇਸੁ ॥ ਜਹ ਗੋਬਿੰਦ ਭਗਤੁ ਸੋ ਧੰਨਿ ਦੇਸੁ ॥ ਹਰਿ ਭਗਤਿਹੀਨ ਉਦਿਆਨ ਥਾਨੁ ॥ ਗੁਰ ਪ੍ਰਸਾਦਿ ਘਟਿ ਘਟਿ ਪਛਾਨੁ ॥ ੨ ॥ ਹਰਿ ਕੀਰਤਨ ਰਸ ਭੋਗ ਰੰਗੁ ॥ ਮਨ ਪਾਪ ਕਰਤ ਤੂ ਸਦਾ ਸੰਗੁ ॥ ਨਿਕਟਿ ਪੇਖੁ ਪ੍ਰਭੁ ਕਰਣਹਾਰ ॥ ਈਤ ਊਤ ਪ੍ਰਭ ਕਾਰਜ ਸਾਰ ॥੩॥ ਚਰਨ ਕਮਲ ਸਿਉ ਲਗੋ ਧਿਆਨੁ ॥ ਕਰਿ ਕਿਰਪਾ ਪ੍ਰਭਿ ਕੀਨੋ ਦਾਨੁ ॥ ਤੇਰਿਆ ਸੰਤ ਜਨਾ ਕੀ ਬਾਛਉ ਧੂਰਿ ॥ ਜਪਿ ਨਾਨਕ ਸੁਆਮੀ ਸਦ ਹਜੂਰਿ ॥੪॥੧੧॥ {ਪੰਨਾ 1183}

ਪਦਅਰਥ:- ਰੰਗਿ—ਪ੍ਰੇਮ ਵਿਚ (ਜੁੜਿਆਂ)। ਜਪਤ—ਜਪਦਿਆਂ। ਸੰਤਾਪ—ਦੁੱਖ-ਕਲੇਸ਼। ਸਭਿ—ਸਾਰੇ। ਅੰਧੇਰ—ਮਾਇਆ ਦੇ ਮੋਹ ਦੇ ਹਨੇਰੇ। ਫੇਰ—ਜਨਮ ਮਰਨ ਦੇ ਗੇੜ।1।

ਹਮਾਰੈ—ਮੇਰੇ ਹਿਰਦੇ ਵਿਚ। ਰੰਗੁ—ਪਿਆਰ। ਬਸੰਤ—ਖਿੜਾਉ। ਸਿਉ—ਨਾਲ। ਸੰਗੁ—ਸਾਥ।1। ਰਹਾਉ।

ਜਨੀ—ਜਨਾਂ ਨੇ। ਜਹ—ਜਿੱਥੇ। ਧੰਨਿ—ਭਾਗਾਂ ਵਾਲਾ। ਉਦਿਆਨ—ਉਜਾੜ। ਪ੍ਰਸਾਦਿ—ਕਿਰਪਾ ਨਾਲ। ਘਟਿ ਘਟਿ—ਹਰੇਕ ਸਰੀਰ ਵਿਚ (ਵਿਆਪਕ)। ਪਛਾਨੁ—ਸਮਝ ਲੈ।2।

ਰਸ—ਸੁਆਦ। ਰੰਗੁ—ਮੌਜ-ਬਹਾਰ। ਮਨ—ਹੇ ਮਨ! ਸੰਗੁ—ਝਿਜਕਿਆ ਕਰ। ਨਿਕਟਿ—ਨੇੜੇ। ਪੇਖੁ—ਵੇਖ। ਕਰਣਹਾਰ—ਸਭ ਕੁਝ ਕਰ ਸਕਣ ਵਾਲਾ। ਈਤ—ਇਸ ਲੋਕ ਵਿਚ। ਊਤ—ਪਰਲੋਕ ਵਿਚ। ਸਾਰ—ਸਵਾਰਨ ਵਾਲਾ।3।

ਕਰਿ—ਕਰ ਕੇ। ਪ੍ਰਭਿ—ਪ੍ਰਭੂ ਨੇ। ਬਾਛਉ—ਬਾਛਉਂ, ਮੈਂ ਮੰਗਦਾ ਹਾਂ। ਧੂਰਿ—ਚਰਨ-ਧੂੜ। ਜਪਿ—ਜਪੀਂ, ਮੈਂ ਜਪਦਾ ਰਹਾਂ।4।

ਅਰਥ:- ਹੇ ਭਾਈ! (ਗੁਰੂ ਦੀ ਕਿਰਪਾ ਨਾਲ) ਸੰਤ ਜਨਾਂ ਨਾਲ (ਮੇਰਾ) ਸਦਾ ਸਾਥ ਬਣਿਆ ਰਹਿੰਦਾ ਹੈ, (ਹੁਣ) ਮੇਰੇ ਅੰਦਰ ਪਰਮਾਤਮਾ (ਦੇ ਨਾਮ) ਦਾ ਪਿਆਰ ਬਣ ਗਿਆ ਹੈ, ਮੇਰੇ ਹਿਰਦੇ ਵਿਚ ਖਿੜਾਉ ਪੈਦਾ ਹੋ ਗਿਆ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਦੇ ਪਿਆਰ ਵਿਚ (ਟਿਕਿਆਂ) ਸਾਰੇ ਪਾਪ ਮਿਟ ਜਾਂਦੇ ਹਨ, ਪਰਮਾਤਮਾ ਦਾ ਨਾਮ ਜਪਦਿਆਂ ਕੋਈ ਦੁੱਖ ਕਲੇਸ਼ ਪੋਹ ਨਹੀਂ ਸਕਦੇ, ਗੋਬਿੰਦ ਦਾ ਨਾਮ ਜਪਦਿਆਂ (ਮਾਇਆ ਦੇ ਮੋਹ ਦੇ) ਸਾਰੇ ਹਨੇਰੇ ਮਿਟ ਜਾਂਦੇ ਹਨ, ਹਰਿ-ਨਾਮ ਸਿਮਰਦਿਆਂ ਜਨਮ ਮਰਨ ਦੇ ਗੇੜ ਨਹੀਂ ਰਹਿ ਜਾਂਦੇ।1।

ਹੇ ਭਾਈ! ਸੰਤ ਜਨਾਂ ਨੇ ਇਹ ਸਿੱਖਿਆ ਦਿੱਤੀ ਹੈ ਕਿ ਜਿੱਥੇ ਪਰਮਾਤਮਾ ਦਾ ਭਗਤ ਵੱਸਦਾ ਹੈ ਉਹ ਦੇਸ ਭਾਗਾਂ ਵਾਲਾ ਹੈ ਅਤੇ ਪਰਮਾਤਮਾ ਦੀ ਭਗਤੀ ਤੋਂ ਸੱਖਣਾ ਥਾਂ ਉਜਾੜ (ਬਰਾਬਰ) ਹੈ। ਹੇ ਭਾਈ! ਗੁਰੂ ਦੀ ਕਿਰਪਾ ਨਾਲ (ਤੂੰ ਉਸ ਪਰਮਾਤਮਾ ਨੂੰ) ਹਰੇਕ ਸਰੀਰ ਵਿਚ ਵੱਸਦਾ ਸਮਝ।2।

ਹੇ (ਮੇਰੇ) ਮਨ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਨੂੰ ਹੀ ਦੁਨੀਆ ਦੇ ਰਸਾਂ ਭੋਗਾਂ ਦੀ ਮੌਜ-ਬਹਾਰ ਸਮਝ। ਹੇ ਮਨ! ਪਾਪ ਕਰਦਿਆਂ ਸਦਾ ਝਿਜਕਿਆ ਕਰ। ਸਭ ਕੁਝ ਕਰ ਸਕਣ ਵਾਲੇ ਪ੍ਰਭੂ ਨੂੰ (ਆਪਣੇ) ਨੇੜੇ ਵੱਸਦਾ ਵੇਖ। ਇਸ ਲੋਕ ਅਤੇ ਪਰਲੋਕ ਦੇ ਸਾਰੇ ਕੰਮ ਪ੍ਰਭੂ ਹੀ ਸੰਵਾਰਨ ਵਾਲਾ ਹੈ।3।

ਹੇ ਭਾਈ! ਪ੍ਰਭੂ ਨੇ ਮਿਹਰ ਕਰ ਕੇ (ਜਿਸ ਮਨੁੱਖ ਉੱਤੇ) ਬਖ਼ਸ਼ਸ਼ ਕੀਤੀ, ਉਸ ਦੀ ਸੁਰਤਿ ਪ੍ਰਭੂ ਦੇ ਸੋਹਣੇ ਚਰਨਾਂ ਵਿਚ ਜੁੜ ਗਈ। ਹੇ ਨਾਨਕ! (ਆਖ—ਹੇ ਪ੍ਰਭੂ!) ਮੈਂ ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ, (ਤਾ ਕਿ) ਹੇ ਸੁਆਮੀ! (ਉਹਨਾਂ ਦੀ ਸੰਗਤਿ ਦੀ ਬਰਕਤਿ ਨਾਲ ਤੈਨੂੰ) ਸਦਾ ਅੰਗ-ਸੰਗ ਸਮਝ ਕੇ ਜਪਦਾ ਰਹਾਂ।4।11।